# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :26-02-2026**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਵਲੋਂ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ, ਸਾਈਬਰ ਧੋਖਾਧੜੀ ਅਤੇ ਸਾਈਬਰ ਅਪਰਾਧ ਖਿਲਾਫ ਸਰਗਰਮ ਕਦਮ ਚੁੱਕਣ ਦੇ ਨਿਰਦੇਸ਼ ।
- ਪੰਜਾਬ ਸਰਕਾਰ ਨੇ ਔਰਤਾਂ ਦੇ ਅਸ਼ਲੀਲ ਚਿੱਤਰਣ ਖਿਲਾਫ ਮੀਡੀਆ ਨੂੰ ਸਪਸ਼ੱਟ ਨਿਰਦੇਸ਼ ਜਾਰੀ ਕਿਤੇ -ਉਲੰਘਣਾ ਕਰਨ ਵਾਲਿਆਂ ਖਿਲਾਫ ਹੋਵੇਗੀ ਕਾਨੂੰਨੀ ਕਾਰਵਾਈ I
- ਪੰਜਾਬ ਦੇ ਰਾਜਪਾਲ ਨੇ ਪੰਜਾਬ ਵਿਧਾਨ ਸਭਾ ਦਾ ਬਜਟ ਇਜਲਾਸ, 6 ਮਾਰਚ ਨੂੰ ਬੁਲਾਇਆ -8 ਮਾਰਚ ਨੂੰ ਪੇਸ਼ ਕੀਤਾ ਜਾਵੇਗਾ ਬਜਟ ।

- ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ 400 ਕਰੋੜ ਰੁਪਏ ਦੇ ਵਿਆਪਕ ਡਿਜੀਟਲਾਈਜ਼ੇਸ਼ਨ ਪ੍ਰੋਜੈਕਟ ਦਾ ਐਲਾਨ ।
- ਆਈ.ਸੀ.ਸੀ. ਟਵੈਂਟੀ-ਟਵੈਂਟੀ ਕ੍ਰਿਕਟ ਵਿਸ਼ਵ ਕੱਪ ਦੇ ਸੁਪਰ-8 ਦੇ ਗਰੁੱਪ-1 ਵਿੱਚ ਸ਼ਾਮ 7 ਵਜੇ ਭਾਰਤ ਦਾ ਮੁਕਾਬਲਾ ਜ਼ਿੰਬਾਬਵੇ ਨਾਲ ਹੋਵੇਗਾ ।

---

ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਆਰਟੀਫਿਸ਼ਲ ਇੰਟੈਲਿਜੈਂਸ ਦੀ ਮਦਦ ਨਾਲ ਤਿਆਰ ਕੀਤੀ ਸਿੰਥੈਟਿਕ ਸਮੱਗਰੀ ਉਸ ਵਿਅਕਤੀ ਦੀ ਸਹਿਮਤੀ ਤੋਂ ਬਿਨਾਂ ਨਹੀਂ ਬਣਾਈ ਜਾਣੀ ਚਾਹੀਦੀ ਜਿਸਦਾ ਚਿਹਰਾ, ਆਵਾਜ਼ ਜਾਂ ਸ਼ਖਸੀਅਤ, ਸਮੱਗਰੀ ਵਿੱਚ ਵਰਤੀ ਜਾਂਦੀ ਏ। ਉਨ੍ਹਾਂ ਨੇ ਇਹ ਬਿਆਨ ਅੱਜ ਨਵੀਂ ਦਿੱਲੀ ਵਿੱਚ ਇੱਕ ਕਾਨਫਰੰਸ ਦੌਰਾਨ ਦਿੱਤਾ। ਸ੍ਰੀ ਵੈਸ਼ਨਵ ਨੇ ਕਿਹਾ ਕਿ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ ਉਸ ਸਮੱਗਰੀ ਦੀ ਜ਼ਿੰਮੇਵਾਰੀ ਲੈਣੀ ਚਾਹੀਦੀ ਏ ਜੋ ਉਹ ਪੇਸ਼ ਕਰਦੇ ਹਨ। ਉਨ੍ਹਾਂ ਕਿਹਾ ਕਿ ਨਾਗਰਿਕਾਂ ਅਤੇ ਬੱਚਿਆਂ ਦੀ ਔਨਲਾਈਨ ਸੁਰੱਖਿਆ, ਪਲੇਟਫਾਰਮਾਂ ਦੀ ਜ਼ਿੰਮੇਵਾਰੀ ਏ ।
BYTE:RNU260226
ਸ੍ਰੀ ਵੈਸ਼ਨਵ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਏ ਕਿ ਪਲੇਟਫਾਰਮ

ਸਾਈਬਰ ਧੋਖਾਧੜੀ ਅਤੇ ਸਾਈਬਰ ਅਪਰਾਧ ਖਿਲਾਫ ਸਰਗਰਮ ਕਦਮ ਚੁੱਕਣ। ਉਨ੍ਹਾਂ ਦੱਸਿਆ ਕਿ ਸਰਕਾਰ ਨੇ, ਹਾਲ ਹੀ ਵਿੱਚ ਸੋਸ਼ਲ ਮੀਡੀਆ ਪਲੇਟਫਾਰਮਾਂ ਨਾਲ ਵਿਆਪਕ ਵਿਚਾਰ-ਵਟਾਂਦਰਾ ਕੀਤਾ ਏ ਅਤੇ ਉਨ੍ਹਾਂ ਨੂੰ ਸਪੱਸ਼ਟ ਤੌਰ 'ਤੇ ਨਿਰਦੇਸ਼ ਦਿੱਤੇ ਹਨ ਕਿ ਉਹ ਨਾਗਰਿਕਾਂ ਨੂੰ ਔਨਲਾਈਨ ਸੁਰੱਖਿਆ ਦੇਣ ਲਈ ਸਾਰੇ ਜ਼ਰੂਰੀ ਕਦਮ ਚੁੱਕਣ। ਉਨ੍ਹਾਂ ਕਿਹਾ ਕਿ ਪਲੇਟਫਾਰਮਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਉਨ੍ਹਾਂ ਦੀ ਵਰਤੋਂ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਜਾਂ ਅਪਰਾਧ ਕਰਨ ਲਈ ਨਾ ਕੀਤੀ ਜਾਵੇ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਗ੍ਰਿਹ ਮੰਤਰੀ ਅਮਿਤ ਸ਼ਾਹ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਮਹਾਨ ਆਜ਼ਾਦੀ ਘੁਲਾਟੀਏ ਵੀਰ ਸਾਵਰਕਰ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਵੀਰ ਸਾਵਰਕਰ ਨੇ ਆਪਣਾ ਜੀਵਨ ਦੇਸ਼ ਨੂੰ ਗੁਲਾਮੀ ਤੋਂ ਮੁਕਤ ਕਰਵਾਉਣ ਲਈ ਸਮਰਪਿਤ ਕੀਤਾ। ਗ੍ਰਿਹ ਮੰਤਰੀ ਨੇ ਕਿਹਾ ਕਿ ਵੀਰ ਸਾਵਰਕਰ, ਆਜ਼ਾਦੀ ਅੰਦੋਲਨ ਦੇ ਉਨ੍ਹਾਂ ਨਾਇਕਾਂ ਵਿੱਚੋਂ ਇੱਕ ਸਨ ਜਿਨ੍ਹਾਂ ਨੇ ਇੱਕੋ ਸਮੇਂ ਬ੍ਰਿਟਿਸ਼ ਸ਼ਾਸਨ ਤੋਂ ਆਜ਼ਾਦੀ ਅਤੇ ਸੱਭਿਆਚਾਰਕ ਆਜ਼ਾਦੀ ਦੋਵਾਂ ਲਈ ਲੜਾਈ ਲੜੀ। ਰੱਖਿਆ ਮੰਤਰੀ ਰਾਜਨਾਥ ਸਿੰਘ

ਨੇ ਕਿਹਾ ਕਿ ਵੀਰ ਸਾਵਰਕਰ ਦੀ ਅਦੁੱਤੀ ਹਿੰਮਤ, ਬੇਮਿਸਾਲ ਕੁਰਬਾਨੀ ਅਤੇ ਰਾਸ਼ਟਰ ਪ੍ਰਤੀ ਅਟੁੱਟ ਸਮਰਪਣ ਭਾਰਤ ਦੇ ਆਜ਼ਾਦੀ ਸੰਗਰਾਮ ਦਾ ਇੱਕ ਸ਼ਾਨਦਾਰ ਅਧਿਆਇ ਏ ।

---------------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਇਸ਼ਤਿਹਾਰਾਂ ਵਿੱਚ ਔਰਤਾਂ ਨੂੰ ਅਸ਼ਲੀਲ ਅਤੇ ਅਪਮਾਨਜਨਕ ਢੰਗ ਨਾਲ ਪੇਸ਼ ਕਰਨ ਦੇ ਕਈ ਮਾਮਲਿਆਂ ’ਤੇ ਗੰਭੀਰ ਚਿੰਤਾ ਜ਼ਾਹਰ ਕੀਤੀ ਅਤੇ ਕਿਹਾ ਏ ਕਿ ਪੰਜਾਬ ਸਰਕਾਰ ਔਰਤਾਂ ਦੇ ਮਾਣ-ਸਨਮਾਨ ਦੀ ਕਿਸੇ ਵੀ ਤਰ੍ਹਾਂ ਦੀ ਉਲੰਘਣਾ ਬਰਦਾਸ਼ਤ ਨਹੀਂ ਕਰੇਗੀ। ਇਸ ਮੁੱਦੇ ’ਤੇ ਬੋਲਦਿਆਂ ਮੰਤਰੀ ਨੇ ਕਿਹਾ ਕਿ ਇਹ ਗੰਭੀਰ ਚਿੰਤਾ ਦਾ ਵਿਸ਼ਾ ਏ ਕਿ ਵੱਖ-ਵੱਖ ਇਸ਼ਤਿਹਾਰਾਂ ਰਾਹੀਂ ਔਰਤਾਂ ਦੇ ਅਸ਼ਲੀਲ ਅਤੇ ਅਪਮਾਨਜਨਕ ਚਿੱਤਰਣ ਦੇ ਕਈ ਮਾਮਲੇ ਵਿਭਾਗ ਦੇ ਧਿਆਨ ਵਿੱਚ ਆਏ ਨੇ । ਉਨ੍ਹਾਂ ਕਿਹਾ ਕਿ ਇਸ਼ਤਿਹਾਰਾਂ, ਪ੍ਰਕਾਸ਼ਨਾਂ, ਪੇਂਟਿੰਗਾਂ ਜਾਂ ਕਿਸੇ ਹੋਰ ਮੀਡੀਆ ਪਲੇਟਫਾਰਮ ਰਾਹੀਂ ਔਰਤਾਂ ਨੂੰ ਅਸ਼ਲੀਲ ਜਾਂ ਅਪਮਾਨਜਨਕ ਢੰਗ ਨਾਲ ਪੇਸ਼ ਕਰਨਾ, ਕਾਨੂੰਨ ਅਧੀਨ ਸਜ਼ਾਯੋਗ ਅਪਰਾਧ ਏ ਅਤੇ ਐਕਟ ਦੇ ਉਪਬੰਧਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ, ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਮੰਤਰੀ ਨੇ ਸਪੱਸ਼ਟ ਤੌਰ ’ਤੇ ਕਿਹਾ ਕਿ ਔਰਤਾਂ ਦੀ ਇੱਜ਼ਤ, ਸਨਮਾਨ

ਅਤੇ ਸੁਰੱਖਿਆ ਦੀ ਰਾਖੀ ਪੰਜਾਬ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਵਿੱਚੋਂ ਇੱਕ ਏ ਅਤੇ ਇਸ ਸਬੰਧ ਵਿੱਚ ਕਾਨੂੰਨ ਦੀ ਕਿਸੇ ਵੀ ਉਲੰਘਣਾ ’ਤੇ ਨਿਰਧਾਰਤ ਉਪਬੰਧਾਂ ਮੁਤਾਬਿਕ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਮੀਡੀਆ ਪਲੇਟਫਾਰਮਾਂ ਨੂੰ ਸਪੱਸ਼ਟ ਨਿਰਦੇਸ਼ ਜਾਰੀ ਕਰਦਿਆਂ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ, “ਸਾਰੇ ਟੀਵੀ ਚੈਨਲਾਂ, ਵੈੱਬਸਾਈਟਾਂ, ਵੈੱਬ-ਅਧਾਰਿਤ ਐਪਲੀਕੇਸ਼ਨਾਂ, ਅਖ਼ਬਾਰਾਂ ਅਤੇ ਹੋਰ ਆਡੀਓ-ਵਿਜ਼ੂਅਲ ਮੀਡੀਆ ਪਲੇਟਫਾਰਮਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਏ  ਕਿ ਔਰਤਾਂ ਨੂੰ ਅਸ਼ਲੀਲ ਜਾਂ ਅਪਮਾਨਜਨਕ ਢੰਗ ਨਾਲ ਦਰਸਾਉਂਦੀ ਕੋਈ ਵੀ ਸਮੱਗਰੀ ਜਾਂ ਇਸ਼ਤਿਹਾਰ ਪ੍ਰਸਾਰਿਤ, ਪ੍ਰਕਾਸ਼ਿਤ ਜਾਂ ਛਾਪਿਆ ਨਾ ਜਾਵੇ। ਮੰਤਰੀ ਨੇ ਸੂਬੇ ਭਰ ਵਿੱਚ ਸਖ਼ਤ ਪ੍ਰਸ਼ਾਸਕੀ ਨਿਗਰਾਨੀ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ, “ਪੰਜਾਬ ਦੇ ਸਾਰੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰਾਂ ਨੂੰ ਨਿਰਦੇਸ਼ ਦਿੱਤੇ ਗਏ ਨੇ  ਕਿ ਉਹ ਅਜਿਹੇ ਮਾਮਲਿਆਂ ਦਾ ਖੁਦ ਨੋਟਿਸ ਲੈਣ ਅਤੇ ਪ੍ਰਾਪਤ ਹੋਈਆਂ ਸ਼ਿਕਾਇਤਾਂ ’ਤੇ ਸਬੰਧਿਤ ਕਾਨੂੰਨੀ ਉਪਬੰਧਾਂ ਦੇ ਅਨੁਸਾਰ ਤੁਰੰਤ ਕਾਰਵਾਈ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਦੀ ਪੰਜਾਬ ਅਤੇ ਜ਼ਿਲ੍ਹਾ ਪੱਧਰ ’ਤੇ ਡਿਪਟੀ ਕਮਿਸ਼ਨਰਾਂ ਵੱਲੋਂ ਸਮੇਂ-ਸਮੇਂ ’ਤੇ ਸਮੀਖਿਆ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਪੰਜਾਬ ਦੇ ਸਾਰੇ SSPs ਨੂੰ ਕਾਨੂੰਨ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂਕਰਨ ਨੂੰ ਯਕੀਨੀ ਬਣਾਉਣ

ਲਈ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ ਦੇ ਨਿਰਦੇਸ਼ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਨੇ ।

---------------------------------------------------------------------

ਪੰਜਾਬ ਦੇ ਰਾਜਪਾਲ ਨੇ ਪੰਜਾਬ ਵਿਧਾਨ ਸਭਾ ਦਾ ਬਜਟ ਇਜਲਾਸ, 6 ਮਾਰਚ ਨੂੰ ਬੁਲਾਇਆ ਗਿਆ ਏ। ਇਹ ਇਜਲਾਸ 6 ਤੋਂ 16 ਮਾਰਚ ਤੱਕ ਚੱਲੇਗਾ ।  ਪੰਜਾਬ ਦਾ ਬਜਟ 8 ਮਾਰਚ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਪੇਸ਼ ਕੀਤਾ ਜਾਵੇਗਾ ।

---------------------------------------------------------------------

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ 400 ਕਰੋੜ ਰੁਪਏ ਦੇ ਵਿਆਪਕ ਡਿਜੀਟਲਾਈਜ਼ੇਸ਼ਨ ਪ੍ਰੋਜੈਕਟ ਦਾ ਐਲਾਨ ਕੀਤਾ ਏ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਇੱਕ ਬੇਮਿਸਾਲ ਤਬਦੀਲੀ ਦੀ ਸ਼ੁਰੂਆਤ ਕੀਤੀ ਗਈ ਏ ਜੋ ਸਰਕਾਰੀ ਸਕੂਲਾਂ ਨੂੰ ਅਤਿ-ਆਧੁਨਿਕ ਤਕਨਾਲੋਜੀ ਨਾਲ ਲੈਸ ਕਰਨ ਦੇ ਨਾਲ ਨਾਲ ਸੂਬੇ ਭਰ ਵਿੱਚ ਕਲਾਸਰੂਮ ਸਿੱਖਿਆ ਨੂੰ ਬੁਨਿਆਦੀ ਤੌਰ 'ਤੇ ਨਵਾਂ ਰੂਪ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਇਤਿਹਾਸ ਵਿੱਚ ਪਹਿਲਾਂ ਕਦੇ ਵੀ ਇੰਨੇ ਵੱਡੇ ਪੱਧਰ 'ਤੇ ਡਿਜੀਟਲ ਬੁਨਿਆਦੀ ਢਾਂਚਾ ਨਹੀਂ ਪੇਸ਼ ਕੀਤਾ ਗਿਆ। ਚੰਡੀਗੜ੍ਹ ਚ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਇਸ

ਪਹਿਲਕਦਮੀ ਤਹਿਤ ਪੁਰਾਣੇ ਹਾਰਡਵੇਅਰ ਅਤੇ ਕੰਪਿਊਟਰਾਂ ਨੂੰ ਬਦਲਿਆ ਜਾ ਰਿਹਾ ਏ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਸਾਰੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਹਾਈ ਸਕੂਲ ਅਤੇ ਮਿਡਲ ਸਕੂਲ ਨਵੀਨਤਮ ਡਿਜੀਟਲ ਬੁਨਿਆਦੀ ਢਾਂਚੇ ਨਾਲ ਲੈਸ ਹੋਣ। ਉਨ੍ਹਾਂ ਨੇ ਕਿਹਾ ਕਿ 5 ਹਜ਼ਾਰ 12 ਸਰਕਾਰੀ ਸਕੂਲਾਂ ਨੂੰ ਨਵੇਂ ਸੌਫਟਵੇਅਰ ਨਾਲ ਲੈਸ 38 ਹਜ਼ਾਰ 649 ਨਵੇਂ ਕੰਪਿਊਟਰ ਪ੍ਰਦਾਨ ਕੀਤੇ ਜਾ ਰਹੇ ਨੇ । ਇਹ ਕੰਪਿਊਟਰ ਸਾਰੇ ਸੀਨੀਅਰ ਸੈਕੰਡਰੀ ਅਤੇ ਹਾਈ ਸਕੂਲਾਂ ਦੇ ਨਾਲ-ਨਾਲ 50 ਫ਼ੀਸਦੀ ਮਿਡਲ ਸਕੂਲਾਂ ਨੂੰ ਦਿੱਤੇ ਜਾਣਗੇ ਤਾਂ ਜੋ ਵਿਦਿਆਰਥੀਆਂ ਦੀ ਨਵੀਨਤਮ ਹਾਰਡਵੇਅਰ ਅਤੇ ਤਕਨਾਲੋਜੀ ਤੱਕ ਪਹੁੰਚ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ 5,000 ਸਰਕਾਰੀ ਸਕੂਲਾਂ ਵਿੱਚ ਸਮਰਪਿਤ ਕੰਪਿਊਟਰ ਲੈਬਾਂ ਸਥਾਪਤ ਕੀਤੀਆਂ ਜਾਣਗੀਆਂ ਤਾਂ ਜੋ ਸਾਰੇ ਸੈਕੰਡਰੀ ਅਤੇ ਸੀਨੀਅਰ ਸੈਕੰਡਰੀ ਸਰਕਾਰੀ ਸਕੂਲਾਂ ਲਈ ਪੂਰੀ ਤਰ੍ਹਾਂ ਕਾਰਜਸ਼ੀਲ ਕੰਪਿਊਟਰ ਲੈਬਾਂ ਯਕੀਨੀ ਬਣਾਈਆਂ ਜਾਣ। ਉਨ੍ਹਾਂ ਕਿਹਾ, "ਇੰਟਰਐਕਟਿਵ ਲਰਨਿੰਗ ਨੂੰ ਉਤਸ਼ਾਹਿਤ ਕਰਨ ਲਈ ਅਸੀਂ 3,694 ਸਕੂਲਾਂ ਵਿੱਚ 8,268 ਇੰਟਰਐਕਟਿਵ ਫਲੈਟ ਪੈਨਲ ਸਥਾਪਤ ਕਰ ਰਹੇ ਹਾਂ। ਹਰੇਕ ਸੀਨੀਅਰ ਸੈਕੰਡਰੀ ਅਤੇ ਹਾਈ ਸਕੂਲ ਨੂੰ ਇਹ ਪੈਨਲ ਦਿੱਤੇ ਜਾਣਗੇ, ਵਿਦਿਆਰਥੀਆਂ ਦੀ ਗਿਣਤੀ ਦੇ ਆਧਾਰ 'ਤੇ ਵੱਡੇ ਸਕੂਲਾਂ ਨੂੰ ਚਾਰ, ਪੰਜ

ਜਾਂ ਅੱਠ ਯੂਨਿਟ ਦਿੱਤੇ ਜਾਣਗੇ।
ਇਸ ਪਹਿਲਕਦਮੀ ਨੂੰ ਸਖ਼ਤ ਨਿਗਰਾਨੀ ਅਤੇ ਜਨਤਕ ਸਰੋਤਾਂ ਦੀ ਪਾਰਦਰਸ਼ੀ ਢੰਗ ਨਾਲ ਵਰਤੋਂ ਨਾਲ ਲਾਗੂ ਕੀਤਾ ਜਾ ਰਿਹਾ ਏ ।

-------------------------------------------------------------------

ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਪੰਜਾਬ ਵਿੱਚ ਕਰੱਸ਼ਰ-ਓਨਰ ਮਾਈਨਿੰਗ ਸਾਈਟਾਂ ਦੀ ਸ਼ੁਰੂਆਤ ਕੀਤੀ। ਪਠਾਨਕੋਟ ਜ਼ਿਲ੍ਹੇ ਵਿੱਚ ਪੈਂਦੀਆਂ ਇਨ੍ਹਾਂ ਸਾਈਟਾਂ ਦੀ ਸ਼ੁਰੂਆਤ ਕਰਨ ਮੌਕੇ ਕੈਬਨਿਟ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਪਹਿਲਕਦਮੀ ਨਾਲ ਬਾਜ਼ਾਰ ਵਿੱਚ ਰੇਤ ਅਤੇ ਹੋਰ ਖਣਿਜਾਂ ਦੀ ਬਹੁਤਾਤ ਵਿੱਚ ਉਪਲਬਧਤਾ ਯਕੀਨੀ ਬਣੇਗੀ ਅਤੇ ਸੂਬੇ ਭਰ ਵਿੱਚ ਗ਼ੈਰ-ਕਾਨੂੰਨੀ ਮਾਈਨਿੰਗ ‘ਤੇ ਹੋਰ ਪ੍ਰਭਾਵੀ ਢੰਗ ਨਾਲ ਨਕੇਲ ਕਸੀ ਜਾ ਸਕੇਗੀ। ਇਸ ਮੌਕੇ ਮੰਤਰੀ, ਕਰੱਸ਼ਰ ਮਾਲਕਾਂ, ਜ਼ਮੀਨ ਮਾਲਕਾਂ ਅਤੇ ਸੀਨੀਅਰ ਵਿਭਾਗੀ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਦੋ ਕਰੱਸ਼ਰ-ਓਨਰ ਮਾਈਨਿੰਗ ਸਾਈਟਾਂ ਲਈ ਸਮਝੌਤਿਆਂ ’ਤੇ ਹਸਤਾਖ਼ਰ ਕੀਤੇ ਗਏ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਨ੍ਹਾਂ ਦੋਵੇਂ ਸਾਈਟਾਂ ਤਹਿਤ 4.46 ਹੈਕਟੇਅਰ ਖੇਤਰ ਨੂੰ ਕਵਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਝੌਤਿਆਂ ਨਾਲ ਵਿਭਾਗ ਵੱਲੋਂ ਇੱਕ ਸੁਚਾਰੂ ਢਾਂਚਾ ਲਾਗੂ ਕੀਤਾ ਜਾ ਰਿਹਾ ਹੈ, ਜਿਸ ਨਾਲ ਮਨਜ਼ੂਰਸ਼ੁਦਾ ਖਣਨ ਯੋਜਨਾਵਾਂ ਅਤੇ ਵਾਤਾਵਰਣ

ਸੁਰੱਖਿਆ ਅਧੀਨ ਰਜਿਸਟਰਡ ਕਰੱਸ਼ਰ ਯੂਨਿਟ ਸਿੱਧੇ ਤੌਰ ’ਤੇ ਖਣਨ ਗਤੀਵਿਧੀਆਂ ਵਿੱਚ ਜੁੜਨਗੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸੂਬੇ ਭਰ ’ਚੋਂ ਕਰੱਸ਼ਰ-ਓਨਰ ਮਾਈਨਿੰਗ ਸਾਈਟਾਂ ਲਈ ਕੁੱਲ 138 ਅਰਜ਼ੀਆਂ ਅਤੇ ਲੈਂਡ-ਓਨਰ ਮਾਈਨਿੰਗ ਸਾਈਟਾਂ ਲਈ 25 ਅਰਜ਼ੀਆਂ ਪ੍ਰਾਪਤ ਹੋਈਆਂ ਹਨ। ਇਨ੍ਹਾਂ ਵਿੱਚੋਂ 44 ਸਾਈਟਾਂ ਦੀਆਂ ਜ਼ਿਲ੍ਹਾ ਸਰਵੇਖਣ ਰਿਪੋਰਟਾਂ ਪ੍ਰਵਾਨ ਹੋ ਚੁੱਕੀਆਂ ਨੇਜਿਨ੍ਹਾਂ ਤੇ 31 ਮਾਰਚ ਤੱਕ ਕੰਮ ਸ਼ੁਰੂ ਹੋ ਜਾਵੇਗਾ ।

---------------------------------------------------------------------

ਸ੍ਰੀ ਅਨੰਦਪੁਰ ਸਾਹਿਬ ਵਿਖੇ ਆ ਰਹੇ ਹੋਲਾ ਮੁਹੱਲੇ ਦੇ ਤਿਉਹਾਰ ਲਈ ਪੁਖਤਾ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ, ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਹ ਸਮਾਗਮ ਸੁਚਾਰੂ ਅਤੇ ਸੁਰੱਖਿਅਤ ਢੰਗ ਨਾਲ ਕਰਵਾਇਆ ਜਾਵੇ। ਤਿੰਨ ਦਿਨਾਂ ਦਾ ਸਾਲਾਨਾ ਸਿੱਖ ਤਿਉਹਾਰ ਹੋਲਾ ਮੁਹੱਲਾ 2 ਮਾਰਚ ਤੋਂ 4 ਮਾਰਚ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਆਯੋਜਿਤ ਕੀਤਾ ਜਾਵੇਗਾ। ਰੂਪਨਗਰ ਰੇਂਜ ਦੇ ਡੀਆਈਜੀ ਨਾਨਕ ਸਿੰਘ ਅਤੇ ਰੂਪਨਗਰ ਦੇ ਐਸਐਸਪੀ ਮਨਿੰਦਰ ਸਿੰਘ ਨਾਲ ਇੱਕ ਤਾਲਮੇਲ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ, ਵਿਸ਼ੇਸ਼ ਡੀਜੀਪੀ ਨੇ ਸ਼ਰਧਾਲੂਆਂ ਦੀ ਸਹੂਲਤ

ਲਈ ਪੁਖਤਾ ਪ੍ਰਬੰਧ ਕੀਤੇ ਜਾਣ ਦੇ ਨਿਰਦੇਸ਼ ਦਿੱਤੇ । ਪੂਰੇ ਖੇਤਰ ਨੂੰ ਯੋਜਨਾਬੱਧ ਢੰਗ ਨਾਲ 12 ਸੈਕਟਰਾਂ ਵਿੱਚ ਵੰਡਿਆ ਗਿਆ ਏ ਅਤੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲਗਭਗ 5000 ਪੁਲਿਸ ਕਰਮਚਾਰੀਆਂ ਦੀ ਕੁੱਲ ਫੋਰਸ ਤਾਇਨਾਤ ਕੀਤੀ ਗਈ ਏ । ਹਵਾਈ ਨਿਗਰਾਨੀ ਅਤੇ ਭੀੜ ਨਿਗਰਾਨੀ ਲਈ, ਛੇ ਡਰੋਨ ਤਾਇਨਾਤ ਕੀਤੇ ਗਏ ਹਨ, ਜਿਨ੍ਹਾਂ ਦੀ ਲਾਈਵ ਫੀਡ ਦੀ ਨਿਗਰਾਨੀ ਕੇਂਦਰੀ ਕੰਟਰੋਲ ਰੂਮ 'ਤੇ ਕੀਤੀ ਜਾਵੇਗੀ।

-----------------------------------------------------------------------

ਪੱਛਮੀ ਕਮਾਂਨ ਦਾ ਸਨਮਾਨ ਸਮਾਰੋਹ ਅੱਜ ਪਠਾਨਕੋਟ ਦੇ ਮਾਮੂਨ ਫੌਜੀ ਛਾਉਣੀ ਵਿਖੇ ਆਯੋਜਿਤ ਕੀਤਾ ਗਿਆ । ਇਸਦੀ ਪ੍ਰਧਾਨਗੀ ਪੱਛਮੀ ਕਮਾਂਨ ਦੇ ਆਰਮੀ ਕਮਾਂਡਰ, ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ ਨੇ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਫੌਜੀ ਜਵਾਨਾਂ , ਉਨ੍ਹਾਂ ਦੇ ਪਰਿਵਾਰਾਂ, ਸਿਵਲ ਪ੍ਰਸ਼ਾਸਨ ਦੇ ਕਰਮਚਾਰੀਆਂ, ਪੁਲਿਸ ਅਤੇ ਨਾਗਰਿਕਾਂ ਅਤੇ ਬੱਚਿਆਂ ਨੇ ਸ਼ਿਰਕਤ ਕੀਤੀ । ਇਸ ਮੌਕੇ 'ਤੇ ਵੱਖ-ਵੱਖ ਫੌਜਾਂ ਨੂੰ ਉਨ੍ਹਾਂ ਦੀ ਮਿਸਾਲੀ ਸੇਵਾ ਅਤੇ ਮਹੱਤਵਪੂਰਨ ਯੋਗਦਾਨ ਦੇ ਸਨਮਾਨ ਵਿੱਚ ਪ੍ਰਸ਼ੰਸਾ ਪੱਤਰਾਂ ਨਾਲ ਸਨਮਾਨਿਤ ਕੀਤਾ ਗਿਆ। ਇਹ ਸਮਾਰੋਹ, ਦੇਸ਼ ਦੀ ਸੁਰੱਖਿਆ ਅਤੇ ਆਜ਼ਾਦੀ ਦੀ ਰਾਖੀ ਵਿੱਚ ਇਨ੍ਹਾਂ ਬਹਾਦਰ ਪੁਰਸ਼ਾਂ ਅਤੇ ਔਰਤਾਂ ਵਲੋਂ

ਨਿਭਾਈ ਗਈ ਮਹੱਤਵਪੂਰਨ ਭੂਮਿਕਾ ਦੀ ਯਾਦ ਦਿਵਾਉਂਦਾ ਅਤੇ ਖਾਸ ਕਰਕੇ ਆਪਰੇਸ਼ਨ ਸਿੰਦੂਰ ਅਤੇ ਆਪਰੇਸ਼ਨ ਰਾਹਤ ਦੌਰਾਨ, ਭਵਿੱਖ ਦੀਆਂ ਪੀੜ੍ਹੀਆਂ ਨੂੰ ਉੱਤਮਤਾ, ਸਨਮਾਨ ਅਤੇ ਨਿਰਸਵਾਰਥ ਸੇਵਾ ਦੀ ਸਥਾਈ ਵਿਰਾਸਤ ਨੂੰ ਅੱਗੇ ਵਧਾਉਣ ਲਈ ਪ੍ਰੇਰਿਤ ਕਰਦਾ ਰਿਹਾ। ਇਸ ਸਮਾਗਮ ਨੇ ਨਿਗਰਾਨੀ  ਏਕੀਕ੍ਰਿਤ ਮਲਟੀ-ਡੋਮੇਨ ਯੁੱਧ ਵਿੱਚ ਪੱਛਮੀ ਕਮਾਂਨ  ਦੀਆਂ ਵਿਕਸਤ ਹੋ ਰਹੀਆਂ ਸੰਚਾਲਨ ਸਮਰੱਥਾਵਾਂ ਨੂੰ ਉਜਾਗਰ ਕੀਤਾ, ਜਿਸ ਵਿੱਚ ਭੈਰਵ ਬਟਾਲੀਅਨ ਨੇ ਲੜਾਈ ਦੀ ਮੁਹਾਰਤ, ਰਣਨੀਤਕ ਅਤੇ ਸੰਚਾਲਨ  ਦਾ ਇੱਕ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ 'ਤੇ ਨਵੀਆਂ  ਜੰਗੀ ਤਕਨਾਲੋਜੀਆਂ ਅਤੇ ਉਪਕਰਣ ਦਾ ਪ੍ਰਦਰਸ਼ਨ ਵੀ ਕੀਤਾ ਗਿਆ  ।

--------------------------------------------------------------------

ਬੀਜ ਪ੍ਰਮਾਣੀਕਰਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਅਤੇ ਕੰਮ ਵਿੱਚ ਹੋਰ ਤੇਜ਼ੀ ਲਿਆਉਣ ਲਈ  ਪੰਜਾਬ ਸਰਕਾਰ ਨੇ ਆਪਣੇ ਫੀਲਡ ਸਟਾਫ ਨੂੰ ਟੈਬਲੇਟਸ ਨਾਲ ਲੈਸ ਕੀਤਾ ਏ ਤਾਂ ਜੋ ਸਾਥੀ ਪੋਰਟਲ ਦਾ ਸਾਰਾ ਕੰਮ ਆਨਲਾਈਨ ਯਕੀਨੀ ਬਣਾਇਆ ਜਾ ਸਕੇ। ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਬੀਜ ਪ੍ਰਮਾਣੀਕਰਣ ਅਧਿਕਾਰੀਆਂ ਅਤੇ ਸਹਾਇਕਾਂ ਨੂੰ 40 ਟੈਬਲੇਟਸ ਸੌਂਪੇ। ਖੇਤੀਬਾੜੀ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਫੀਲਡ

ਅਫ਼ਸਰਾਂ ਨੂੰ ਟੈਬਲੇਟਸ ਨਾਲ ਲੈਸ ਕਰਨ ਨਾਲ ਨਾ ਸਿਰਫ਼ ਕਾਗ਼ਜ਼ੀ ਕਾਰਵਾਈ ਖ਼ਤਮ ਹੋਵੇਗੀ, ਸਗੋਂ ਇਸ ਨਾਲ ਜਵਾਬਦੇਹੀ ਵਧੇਗੀ ਅਤੇ ਨਿਰੀਖਣ ਦੌਰਾਨ ਖੇਤਾਂ ਤੋਂ ਸਿੱਧੇ ਤੌਰ ’ਤੇ ਕੰਪਿਊਟਰਾਈਜ਼ਡ ਡੇਟਾ ਤੁਰੰਤ ਜੁਟਾਉਣ ਵਿੱਚ ਆਸਾਨੀ ਹੋਵੇਗੀ।

---------------------------------------------------------------------

ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਵਲੋਂ ਯੂਨੀਵਰਸਿਟੀ ਦੇ ਪੰਜਾਬ ਰਾਜ ਸਾਇੰਸ ਤੇ ਤਕਨਾਲੋਜੀ ਕੌਂਸਲ ਦੇ ਸਹਿਯੋਗ ਨਾਲ ਪੰਜਾਬ ਦੇ ਪੇਂਡੂ ਸਰਹੱਦੀ ਖੇਤਰਾਂ ਵਿੱਚ ਜਲਵਾਯੂ-ਸਮਾਰਟ ਖੇਤੀਬਾੜੀ ਅਭਿਆਸਾਂ ਰਾਹੀਂ ਸਥਿਰਤਾ ਵਧਾਉਣਾ ਵਿਸ਼ੇ 'ਤੇ ਇੱਕ-ਰੋਜ਼ਾ ਰਾਸ਼ਟਰੀ ਕਾਨਫਰੰਸ ਆਯੋਜਿਤ ਕੀਤੀ ਗਈ। ਇਸ ਕਾਨਫਰੰਸ ਦਾ ਉਦੇਸ਼ ਫਿਰੋਜ਼ਪੁਰ ਜ਼ਿਲ੍ਹੇ ਦੇ ਪੇਂਡੂ ਸਰਹੱਦੀ ਖੇਤਰਾਂ ਨੂੰ ਦਰਪੇਸ਼ ਖੇਤੀਬਾੜੀ-ਵਾਤਾਵਰਣ ਚੁਣੌਤੀਆਂ 'ਤੇ ਵਿਚਾਰ-ਵਟਾਂਦਰਾ ਕਰਨਾ ਸੀ, ਜਿਸ ਵਿੱਚ ਜਲਵਾਯੂ ਪਰਿਵਰਤਨਸ਼ੀਲਤਾ,ਜ਼ਮੀਨ ਹੇਠਲੇ ਪਾਣੀ ਦੀ ਕਮੀ, ਮਿੱਟੀ , ਫਸਲਾਂ ਦੀ ਰਹਿੰਦ-ਖੂੰਹਦ ਸਾੜਨਾ ਅਤੇ ਖੇਤੀਬਾੜੀ ਰਸਾਇਣਾਂ ਦੀ ਬਹੁਤ ਜ਼ਿਆਦਾ ਵਰਤੋਂ ਸ਼ਾਮਲ ਏ । ਇਸ ਕਾਨਫਰੰਸ ਵਿੱਚ ਉੱਘੇ ਸਿੱਖਿਆ ਸ਼ਾਸਤਰੀਆਂ, ਵਿਗਿਆਨੀਆਂ, ਨੀਤੀ ਨਿਰਮਾਤਾਵਾਂ, ਖੋਜਕਰਤਾਵਾਂ ਅਤੇ ਕਿਸਾਨਾਂ ਨੇ ਸਮੂਲੀਅਤ ਕੀਤੀ । ਕੌਂਸਲ ਦੇ ਕਾਰਜਕਾਰੀ ਨਿਰਦੇਸ਼ਕ ਇੰਜੀਨੀਅਰ ਪ੍ਰਿਤਪਾਲ ਸਿੰਘ ਨੇ

ਔਨਲਾਈਨ ਮਾਧਾਇਮ ਨਾਲ ਰਾਸ਼ਟਰੀ ਅਤੇ ਵਿਸ਼ਵ ਪੱਧਰ 'ਤੇ ਜਲਵਾਯੂ ਤਬਦੀਲੀ ਦੇ ਪ੍ਰਭਾਵਾਂ ਨੂੰ ਉਜਾਗਰ ਕਰਦੇ ਹੋਏ ਰੁਬਰੂ ਹੁੰਦਿਆ ਤਾਲਮੇਲ ਵਾਲੇ ਵਿਗਿਆਨਕ ਅਤੇ ਨੀਤੀਗਤ ਦਖਲਅੰਦਾਜ਼ੀ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਪ੍ਰਿੰਸੀਪਲ ਸਾਇੰਟਿਸਟ ਡਾ. ਪ੍ਰਭਜੋਤ ਕੌਰ ਸਿੱਧੂ ਨੇ "ਪੰਜਾਬ ਵਿੱਚ ਜਲਵਾਯੂ ਪਰਿਵਰਤਨ - ਕਾਰਨ ਅਤੇ ਪ੍ਰਭਾਵ" ਵਿਸ਼ੇ 'ਤੇ ਇੱਕ ਭਾਸ਼ਣ ਦਿੱਤਾ, ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਖੇਤੀਬਾੜੀ-ਜਲਵਾਯੂ ਖੇਤਰਾਂ ਵਿੱਚ ਫਸਲਾਂ ਦੀ ਪੈਦਾਵਾਰ ਵਿੱਚ ਭਿੰਨਤਾਵਾਂ 'ਤੇ ਆਪਣੇ ਖੋਜ ਨਤੀਜੇ ਪੇਸ਼ ਕੀਤੇ ਗਏ।

-----------------------------------------------------------------------

ਆਈ.ਸੀ.ਸੀ. ਟਵੈਂਟੀ-ਟਵੈਂਟੀ ਕ੍ਰਿਕਟ ਵਿਸ਼ਵ ਕੱਪ ਦੇ ਸੁਪਰ-8 ਦੇ ਗਰੁੱਪ-1 ਵਿੱਚ ਭਾਰਤ ਦਾ ਮੁਕਾਬਲਾ ਜ਼ਿੰਬਾਬਵੇ ਨਾਲ ਹੋਵੇਗਾ । ਇਹ ਮੈਚ ਚੇਨਈ ਦੇ ਐਮ.ਏ. ਚਿਦੰਬਰਮ ਸਟੇਡੀਅਮ ਵਿੱਚ ਸ਼ਾਮ 7 ਵਜੇ ਤੋਂ ਖੇਡਿਆ ਜਾਵੇਗਾ। ਸੈਮੀਫਾਈਨਲ ਵਿੱਚ ਪਹੁੰਚਣ ਲਈ, ਮੇਜ਼ਬਾਨ ਭਾਰਤ ਨੂੰ ਅੱਜ ਅਤੇ ਐਤਵਾਰ ਨੂੰ ਵੈਸਟਇੰਡੀਜ਼ ਖਿਲਾਫ ਆਪਣਾ ਆਖਰੀ ਗਰੁੱਪ ਮੈਚ ਜਿੱਤਣਾ ਪਵੇਗਾ।

NSD

- ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਵਲੋਂ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ, ਸਾਈਬਰ ਧੋਖਾਧੜੀ ਅਤੇ ਸਾਈਬਰ ਅਪਰਾਧ ਖਿਲਾਫ ਸਰਗਰਮ ਕਦਮ ਚੁੱਕਣ ਦੇ ਨਿਰਦੇਸ਼।
- ਪੰਜਾਬ ਸਰਕਾਰ ਨੇ ਔਰਤਾਂ ਦੇ ਅਸ਼ਲੀਲ ਚਿੱਤਰਣ ਖਿਲਾਫ ਮੀਡੀਆ ਨੂੰ ਸਪਸ਼ੱਟ ਨਿਰਦੇਸ਼ ਜਾਰੀ ਕਿਤੇ -ਉਲੰਘਣਾ ਕਰਨ ਵਾਲਿਆਂ ਖਿਲਾਫ ਹੋਵੇਗੀ ਕਾਨੂੰਨੀ ਕਾਰਵਾਈ I
- ਪੰਜਾਬ ਦੇ ਰਾਜਪਾਲ ਨੇ ਪੰਜਾਬ ਵਿਧਾਨ ਸਭਾ ਦਾ ਬਜਟ ਇਜਲਾਸ, 6 ਮਾਰਚ ਨੂੰ ਬੁਲਾਇਆ -8 ਮਾਰਚ ਨੂੰ ਪੇਸ਼ ਕੀਤਾ ਜਾਵੇਗਾ ਬਜਟ।
- ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ 400 ਕਰੋੜ ਰੁਪਏ ਦੇ ਵਿਆਪਕ ਡਿਜੀਟਲਾਈਜ਼ੇਸ਼ਨ ਪ੍ਰੋਜੈਕਟ ਦਾ ਐਲਾਨ । ਅਤੇ
- ਆਈ.ਸੀ.ਸੀ. ਟਵੈਂਟੀ-ਟਵੈਂਟੀ ਕ੍ਰਿਕਟ ਵਿਸ਼ਵ ਕੱਪ ਦੇ ਸੁਪਰ-8 ਦੇ ਗਰੁੱਪ-1 ਵਿੱਚ ਸ਼ਾਮ 7 ਵਜੇ ਭਾਰਤ ਦਾ ਮੁਕਾਬਲਾ ਜ਼ਿੰਬਾਬਵੇ ਨਾਲ ਹੋਵੇਗਾ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,    ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ  7 ਵੱਜਕੇ  30  ਮਿੰਟ  'ਤੇ

ਨਮਸਕਾਰ !